ਪ੍ਰਭਾਤੀ ਮਹਲਾ ੪ ॥ ਮਨਿ ਲਾਗੀ ਪ੍ਰੀਤਿ ਰਾਮ ਨਾਮ ਹਰਿ ਹਰਿ ਜਪਿਓ ਹਰਿ ਪ੍ਰਭੁ ਵਡਫਾ ॥ ਸਤਿਗੁਰ ਬਚਨ ਸੁਖਾਨੇ ਹੀਅਰੈ ਹਰਿ ਧਾਰੀ ਹਰਿ ਪ੍ਰਭ ਕ੍ਰਿਪਫਾ ॥ ੧॥ ਮੇਰੇ ਮਨ ਭਜੁ ਰਾਮ ਨਾਮ ਹਰਿ ਨਿਮਖਫਾ ॥ ਹਰਿ ਹਰਿ ਦਾਨੁ ਦੀਓ ਗੁਰਿ ਪੂਰੈ ਹਰਿ ਨਾਮਾ ਮਨਿ ਤਨਿ ਬਸਫਾ ॥੧॥ ਰਹਾਉ ॥ ਕਾਇਆ ਨਗਰਿ ਵਸਿਓ ਘਰਿ ਮੰਦਰਿ ਜਪਿ ਸੋਭਾ ਗੁਰਮੁਖਿ ਕਰਪਫਾ ॥ ਹਲਤਿ ਪਲਤਿ ਜਨ ਭਏ ਸੁਹੇਲੇ ਮੁਖ ਊਜਲ ਗੁਰਮੁਖਿ ਤਰਫਾ ॥ ੨॥ ਅਨਭਉ ਹਰਿ ਹਰਿ ਹਰਿ ਲਿਵ ਲਾਗੀ ਹਰਿ ਉਰ ਧਾਰਿਓ ਗੁਰਿ ਨਿਮਖਫਾ ॥ ਕੋਟਿ ਕੋਟਿ ਕੇ ਦੋਖ ਸਭ ਜਨ ਕੇ ਹਰਿ ਦੂਰਿ ਕੀਏ ਇਕ ਪਲਫਾ ॥ ੩॥ ਤੁਮਰੇ ਜਨ ਤੁਮ ਹੀ ਤੇ ਜਾਨੇ ਪ੍ਰਭ ਜਾਨਿਓ ਜਨ ਤੇ ਮੁਖਫਾ ॥ ਹਰਿ ਹਰਿ ਆਪੁ ਧਰਿਓ ਹਰਿ ਜਨ ਮਹਿ ਜਨ ਨਾਨਕੁ ਹਰਿ ਪ੍ਰਭੁ ਇਕਫਾ ॥੪॥੫॥ {ਪੰਨਾ 1336}

ਪਦ ਅਰਥ:- ਮਨਿ—ਮਨ ਵਿਚ। ਵਡਫਾ—ਵੱਡਾ। ਸੁਖਾਨੇ—ਪਿਆਰੇ ਲੱਗੇ। ਹੀਅਰੈ—ਹਿਰਦੇ ਵਿਚ। ਕ੍ਰਿਪਫਾ—ਕਿਰਪਾ।1।

ਮਨ—ਹੇ ਮਨ! ਨਿਮਖਫਾ—ਹਰ ਨਿਮਖ (ਅੱਖ ਝਮਕਣ ਜਿਤਨਾ ਸਮਾ)। ਗੁਰਿ ਪੂਰੈ—ਪੂਰੇ ਗੁਰੂ ਨੇ। ਮਨਿ—ਮਨ ਵਿਚ। ਤਨਿ—ਤਨ ਵਿਚ। ਬਸਫਾ—ਵੱਸ ਪਿਆ।1। ਰਹਾਉ।

ਕਾਇਆ—ਸਰੀਰ। ਨਗਰਿ—ਨਗਰ ਵਿਚ। ਘਰਿ—(ਹਿਰਦੇ-) ਘਰ ਵਿਚ। ਮੰਦਰਿ—ਮੰਦਰ ਵਿਚ। ਜਪਿ—ਜਪ ਕੇ। ਕਰਪਫਾ—ਕਰਦੇ ਹਨ। ਹਲਤਿ—ਇਸ ਲੋਕ ਵਿਚ। ਪਲਤਿ—ਪਰਲੋਕ ਵਿਚ (pr>)। ਸੁਹੇਲੇ—ਸੁਖੀ। ਊਜਲ—ਰੌਸ਼ਨ। ਤਰਫਾ—ਤਰਦੇ ਹਨ।

ਅਨਭਉ—ਜਿਸ ਨੂੰ ਕੋਈ ਡਰ ਪੋਹ ਨਹੀਂ ਸਕਦਾ। ਉਰ—ਹਿਰਦਾ। ਉਰਧਾਰਿਓ—ਹਿਰਦੇ ਵਿਚ ਵਸਾਇਆ। ਗੁਰਿ—ਗੁਰੂ ਦੀ ਰਾਹੀਂ। ਕੋਟਿ—ਕ੍ਰੋੜਾਂ। ਕੋਟਿ ਕੋਟਿ ਕੇ—ਕ੍ਰੋੜਾਂ (ਜਨਮਾਂ) ਦੇ। ਦੋਖ—ਐਬ, ਪਾਪ। ਪਲਫਾ—ਪਲ ਵਿਚ।3।

ਤੁਮ ਹੀ ਤੇ—ਤੈਥੋਂ ਹੀ, ਤੇਰੀ ਹੀ ਮਿਹਰ ਨਾਲ। ਜਾਨੇ—ਪਰਗਟ ਹੁੰਦੇ ਹਨ। ਪ੍ਰਭ—ਹੇ ਪ੍ਰਭੂ! ਜਾਨਿਓ—(ਜਿਨ੍ਹਾਂ ਨੇ ਤੈਨੂੰ) ਜਾਣਿਆਂ, ਤੇਰੇ ਨਾਲ ਸਾਂਝ ਪਾਈ। ਜਨ ਤੇ—ਤੇ ਜਨ; ਉਹ ਮਨੁੱਖ (ਬਹੁ-ਵਚਨ)। ਮੁਖਫਾ—ਮੁਖੀ, ਇੱਜ਼ਤ ਵਾਲੇ। ਆਪੁ—ਆਪਣਾ ਆਪ। ਜਨ ਨਾਨਕੁ—(ਪ੍ਰਭੂ ਦਾ) ਦਾਸ (ਗੁਰੂ) ਨਾਨਕ (ਹੈ)। ਇਕਫਾ—ਇੱਕ-ਰੂਪ।4।

ਅਰਥ:- ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਹਰ ਨਿਮਖ (ਹਰ ਵੇਲੇ) ਜਪਿਆ ਕਰ। ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਜਪਣ ਦੀ ਦਾਤਿ ਦੇ ਦਿੱਤੀ, ਉਸ ਦੇ ਮਨ ਵਿਚ ਉਸਦੇ ਹਿਰਦੇ ਵਿਚ ਹਰਿ-ਨਾਮ ਵੱਸ ਪਿਆ।1। ਰਹਾਉ।

ਹੇ ਭਾਈ! ਜਿਸ ਮਨੁੱਖ ਉਤੇ ਹਰੀ-ਪ੍ਰਭੂ ਨੇ ਮਿਹਰ ਕੀਤੀ, ਉਸ ਦੇ ਹਿਰਦੇ ਵਿਚ ਗੁਰੂ ਦੇ ਬਚਨ ਪਿਆਰੇ ਲੱਗਣ ਲੱਗ ਪਏ, ਉਸ ਦੇ ਮਨ ਵਿਚ ਪਰਮਾਤਮਾ ਦੇ ਨਾਮ ਦੀ ਪ੍ਰੀਤ ਪੈਦਾ ਹੋ ਗਈ, ਉਸ ਨੇ ਸਭ ਤੋਂ ਵੱਡੇ ਹਰੀ-ਪ੍ਰਭੂ ਦਾ ਨਾਮ ਜਪਣਾ ਸ਼ੁਰੂ ਕਰ ਦਿੱਤਾ।1।

ਹੇ ਭਾਈ! (ਉਂਵ ਤਾਂ) ਹਰੇਕ ਸਰੀਰ-ਨਗਰ ਵਿਚ, ਸਰੀਰ-ਘਰ ਵਿਚ, ਸਰੀਰ-ਮੰਦਰ ਵਿਚ ਪਰਮਾਤਮਾ ਵੱਸਦਾ ਹੈ, ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਹੀ ਉਸ ਦਾ ਨਾਮ) ਜਪ ਕੇ ਉਸ ਦੀ ਸਿਫ਼ਤਿ-ਸਾਲਾਹ ਕਰਦੇ ਹਨ। ਪ੍ਰਭੂ ਦੇ ਸੇਵਕ ਇਸ ਲੋਕ ਵਿਚ ਪਰਲੋਕ ਵਿਚ (ਨਾਮ ਦੀ ਬਰਕਤਿ ਨਾਲ) ਸੁਖੀ ਰਹਿੰਦੇ ਹਨ, ਉਹਨਾਂ ਦੇ ਮੁਖ (ਲੋਕ ਪਰਲੋਕ ਵਿਚ) ਰੌਸ਼ਨ ਰਹਿੰਦੇ ਹਨ, ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।2।

ਹੇ ਭਾਈ! ਪਰਮਾਤਮਾ ਉਤੇ ਕੋਈ ਡਰ-ਭਉ ਪ੍ਰਭਾਵ ਨਹੀਂ ਪਾ ਸਕਦਾ। ਗੁਰੂ ਦੀ ਰਾਹੀਂ ਜਿਸ ਮਨੁੱਖ ਨੇ ਉਸ

ਪਰਮਾਤਮਾ ਵਿਚ ਸੁਰਤਿ ਜੋੜੀ, ਉਸ ਪਰਮਾਤਮਾ ਨੂੰ ਇਕ ਨਿਮਖ ਵਾਸਤੇ ਭੀ ਹਿਰਦੇ ਵਿਚ ਵਸਾਇਆ, ਪਰਮਾਤਮਾ ਨੇ ਉਸ ਸੇਵਕ ਦੇ ਕ੍ਰੋੜਾਂ ਜਨਮਾਂ ਦੇ ਪਾਪ ਇਕ ਪਲ ਵਿਚ ਦੂਰ ਕਰ ਦਿੱਤੇ।3।

ਹੇ ਪ੍ਰਭੂ! ਤੇਰੇ ਭਗਤ ਤੇਰੀ ਹੀ ਮਿਹਰ ਨਾਲ (ਜਗਤ ਵਿਚ) ਪਰਗਟ ਹੁੰਦੇ ਹਨ। ਹੇ ਪ੍ਰਭੂ! ਜਿਨ੍ਹਾਂ ਨੇ ਤੇਰੇ ਨਾਲ ਸਾਂਝ ਪਾਈ, ਉਹ ਸੇਵਕ ਇੱਜ਼ਤ ਵਾਲੇ ਹੋ ਜਾਂਦੇ ਹਨ। ਹੇ ਭਾਈ! ਪਰਮਾਤਮਾ ਨੇ ਆਪਣਾ ਆਪ ਆਪਣੇ ਭਗਤਾਂ ਦੇ ਅੰਦਰ ਰੱਖਿਆ ਹੁੰਦਾ ਹੈ। (ਤਾਹੀਏਂ, ਹੇ ਭਾਈ! ਪਰਮਾਤਮਾ ਦਾ) ਸੇਵਕ (ਗੁਰੂ) ਨਾਨਕ ਅਤੇ ਹਰੀ-ਪ੍ਰਭੂ ਇੱਕ-ਰੂਪ ਹੈ।4।5।